# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

# 18:20

## ਮਿਤੀ :31-05-2026

# ਪਹਿਲਾਂ ਇਸ ਬੁਲੇਟੀਨ ਦੀਆਂ ਖਾਸ ਖਬਰਾਂ

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਦੇਸ਼ ਵਾਸੀਆਂ ਨੂੰ ਮੌਜੂਦਾ ਭਿਆਨਕ  ਗਰਮੀ ਦੌਰਾਨ, ਬੇਹੱਦ ਸਾਵਧਾਨੀ ਵਰਤਣ ਅਤੇ ਸਰਕਾਰੀ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਕਰਨ ਦੀ ਅਪੀਲ ਕੀਤੀ ਏ।
- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਅੱਜ ਚੋਟੀ ਦੀਆਂ ਪੁਜੀਸ਼ਨਾਂ ਹਾਸਿਲ ਕਰਨ ਵਾਲੇ ਵਿਦਿਆਰਥੀਆਂ ਨਾਲ ਮੁਲਾਕਾਤ ਕੀਤੀ। ਉਨ੍ਹਾਂ ਨੇ ਰਾਜ ਦੀ ਸਿੱਖਿਆ ਪ੍ਰਣਾਲੀ ਵਿੱਚ ਹੋ ਰਹੇ ਮਹੱਤਵਪੂਰਨ ਸੁਧਾਰਾਂ 'ਤੇ ਖੁਸ਼ੀ ਪ੍ਰਗਟ ਕੀਤੀ।
- ਕੇਂਦਰੀ ਰੇਲ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਅਨੁਸੂਚਿਤ ਜਾਤੀਆਂ ਬਾਰੇ ਆਪਣੇ ਹਾਲੀਆਂ ਵਿਵਾਦਤ ਬਿਆਨ 'ਤੇ ਅਫਸੋਸ ਪ੍ਰਗਟ ਕਰਦਿਆਂ, ਮੁਆਫੀ ਮੰਗੀ ਏ।

- ਪੰਜਾਬ ਨੇ ਦੇਸ਼ ਭਰ 'ਚੋਂ ਤੰਬਾਕੂ ਸੇਵਨ ਦੇ ਸਭ ਤੋਂ ਘੱਟ ਮਾਮਲਿਆਂ ਨਾਲ ਜਨਤਕ ਸਿਹਤ ਵਿੱਚ ਇੱਕ ਮਹੱਤਵਪੂਰਨ ਸਫ਼ਲਤਾ ਹਾਸਿਲ ਕੀਤੀ ਏ।
- IPL ਕ੍ਰਿਕੇਟ ਦੇ ਫਾਈਨਲ ਵਿੱਚ, ਅੱਜ ਅਹਿਮਦਾਬਾਦ 'ਚ, Royal ਚੈਲੇਂਜਰਜ਼ ਬੈਂਗਲੁਰੂ ਦਾ ਮੁਕਾਬਲਾ ਗੁਜਰਾਤ ਟਾਈਟਨਜ਼ ਨਾਲ ਹੋਵੇਗਾ।

---------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਦੇਸ਼ ਵਾਸੀਆਂ ਨੂੰ ਮੌਜੂਦਾ ਭਿਆਨਕ ਗਰਮੀ ਦੌਰਾਨ, ਬੇਹੱਦ ਸਾਵਧਾਨੀ ਵਰਤਣ ਅਤੇ ਸਰਕਾਰੀ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਕਰਨ ਦੀ ਅਪੀਲ ਕੀਤੀ ਏ। ਆਕਾਸ਼ਵਾਣੀ 'ਤੇ ਆਪਣੇ 'ਮਨ ਕੀ ਬਾਤ' ਪ੍ਰੋਗਰਾਮ ਵਿੱਚ, ਉਨ੍ਹਾਂ ਨੇ ਲੋਕਾਂ ਨੂੰ ਘਰ ਤੋਂ ਬਾਹਰ ਨਿਕਲਣ ਤੋਂ ਪਹਿਲਾਂ ਵੱਧ ਤੋਂ ਵੱਧ ਪਾਣੀ ਪੀਣ ਅਤੇ ਸੂਰਜ ਤੋਂ ਬਚਾਅ ਕਰਨ ਲਈ ਸੁਰੱਖਿਆ ਉਪਾਅ ਅਪਨਾਉਣ ਦੀ ਸਲਾਹ ਦਿੱਤੀ ਏ। byte

ਪ੍ਰਧਾਨ ਮੰਤਰੀ ਨੇ ਕਿਹਾ ਕਿ ਸਰਕਾਰ ਦੇਸ਼ ਦੀ ਅਨਮੋਲ ਵਿਰਾਸਤ ਨੂੰ ਸੁਰੱਖਿਅਤ ਰੱਖਣ ਲਈ ਕੰਮ ਕਰ ਰਹੀ ਏ । ਉਨ੍ਹਾਂ ਇਹ ਵੀ ਖੁਲਾਸਾ ਕੀਤਾ ਕਿ ਗਿਆਨ ਭਾਰਤਮ ਮੁਹਿੰਮ ਦੇ ਹਿੱਸੇ ਵਜੋਂ ਛੱਤੀਸਗੜ੍ਹ ਦੇ ਮਲਹਾਰ ਵਿੱਚ ਪਾਂਡੂ ਰਾਜਵੰਸ਼ ਦੇ ਮਹਾਰਿਸ਼ੀ

ਬਲਰਾਜੁਨ ਨਾਲ ਸਬੰਧਤ 6ਵੀਂ-7ਵੀਂ ਸਦੀ ਈਸਵੀ ਦੀਆਂ ਤਿੰਨ ਦੁਰਲੱਭ ਤਾਂਬੇ ਦੀਆਂ ਪਲੇਟਾਂ ਮਿਲੀਆ ਸਨ। ਪ੍ਰਧਾਨ ਮੰਤਰੀ ਨੇ ਝਾਰਖੰਡ ਦੀ ਰਾਜਧਾਨੀ ਰਾਂਚੀ ਵਿੱਚ ਆਯੋਜਿਤ ਰਾਸ਼ਟਰੀ ਸੀਨੀਅਰ ਅਥਲੈਟਿਕਸ ਫੈਡਰੇਸ਼ਨ ਚੈਂਪੀਅਨਸ਼ਿਪ ਬਾਰੇ ਗੱਲ ਕੀਤੀ। ਇਸ ਚੈਂਪੀਅਨਸ਼ਿਪ ਵਿੱਚ ਲਗਭਗ 800 ਐਥਲੀਟਾਂ ਨੇ ਹਿੱਸਾ ਲਿਆ। ਸ਼੍ਰੀ ਮੋਦੀ ਨੇ ਗੁਰਿੰਦਰ ਵੀਰ ਸਿੰਘ, ਵਿਸ਼ਾਲ ਟੀ.ਕੇ., ਤੇਜਸਵਿਨ ਸ਼ੰਕਰ, ਦੇਵ ਮੀਨਾ ਅਤੇ ਕੁਲਦੀਪ ਕੁਮਾਰ ਨੂੰ ਚਾਰ ਰਾਸ਼ਟਰੀ ਰਿਕਾਰਡ ਤੋੜਨ ਲਈ ਵਧਾਈ ਦਿੱਤੀ। ਉਨ੍ਹਾਂ ਨੇ ਗੁਰਿੰਦਰ ਵੀਰ ਸਿੰਘ ਅਤੇ ਅਨੀਮੇਸ਼ ਕੁਜੁਰ ਨਾਲ ਵੀ ਗੱਲ ਕੀਤੀ, byte----

ਸ਼੍ਰੀ ਮੋਦੀ ਨੇ ਦੇਸ਼ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਆਲੇ ਦੁਆਲੇ ਸਮਾਜ ਦੀ ਬਿਹਤਰੀ ਲਈ ਲਗਾਤਾਰ ਕੰਮ ਕਰ ਰਹੇ ਲੋਕਾਂ ਦੀ ਪਛਾਣ ਕਰਨ ਅਤੇ ਆਪ ਵੀ ਚੰਗੇ ਕੰਮਾਂ ਵਿੱਚ ਸ਼ਾਮਲ ਹੋਣ।

---------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਅੱਜ 8ਵੀਂ, 10ਵੀਂ ਅਤੇ 12ਵੀਂ ਜਮਾਤ ਸਮੇਤ ਪੰਜਾਬ ਭਰ ਦੇ ਚੋਟੀ ਦੀਆਂ ਪੁਜੀਸ਼ਨਾਂ ਹਾਸਿਲ ਕਰਨ ਵਾਲੇ ਵਿਦਿਆਰਥੀਆਂ ਨਾਲ ਮੁਲਾਕਾਤ ਕੀਤੀ. ਇਨ੍ਹਾਂ ਵਿਦਿਆਰਥੀਆਂ ਨੇ ਆਪੋ-ਆਪਣੇ ਜ਼ਿਲ੍ਹਿਆਂ ਅਤੇ ਪੂਰੇ ਰਾਜ ਵਿੱਚ ਚੋਟੀ ਦੀਆਂ ਪੁਜੀਸ਼ਨਾਂ ਹਾਸਿਲ ਕੀਤੀਆਂ ਨੇ. ਮੁੱਖ ਮੰਤਰੀ ਨੇ ਇਸ

ਮੌਕੇ ਬੋਲਦਿਆਂ, ਪੰਜਾਬ ਦੀ ਸਿੱਖਿਆ ਪ੍ਣਾਲੀ ਵਿੱਚ ਹੋ ਰਹੇ ਮਹੱਤਵਪੂਰਨ ਸੁਧਾਰਾਂ 'ਤੇ ਖੁਸ਼ੀ ਪ੍ਗਟ ਕੀਤੀ. ਉਨ੍ਹਾਂ ਕਿਹਾ ਕਿ, ਸਰਕਾਰੀ ਸਕੂਲਾਂ ਦੇ ਵਿਦਿਆਰਥੀ, ਮੁਕਾਬਲੇ ਵਾਲੀਆਂ ਸਖ਼ਤ ਤੇ ਚੁਣੌਤੀਪੂਰਨ ਪ੍ਰੀਖਿਆਵਾਂ, ਸਫਤਾਪੂਰਵਕ ਪਾਸ ਕਰ ਰਹੇ ਨੇ.

----------------------------------------------------

ਪਿਛਲੇ 24 ਘੰਟਿਆਂ ਵਿੱਚ, ਪੰਜਾਬ ਅਤੇ ਹਰਿਆਣਾ 'ਚ ਕਈ ਥਾਵਾਂ 'ਤੇ ਗਰਜ-ਚਮਕ ਤੇ ਤੇਜ਼ ਹਵਾਵਾਂ ਨਾਲ ਹਲਕੀ ਤੋਂ ਦਰਮਿਆਨੀ ਬਾਰਿਸ਼ ਹੋਈ ਏ, ਜਿਸ ਨਾਲ ਤਾਪਮਾਨ ਵਿੱਚ ਗਿਰਾਵਟ ਦਰਜ ਕੀਤੀ ਗਈ ਏ ਅਤੇ ਲੋਕਾਂ ਨੂੰ ਗਰਮੀ ਤੋਂ ਕੁਝ ਰਾਹਤ ਮਿਲੀ ਏ। ਪੰਜਾਬ ਦੇ ਬਠਿੰਡਾ ਵਿੱਚ, ਵੱਧ ਤੋਂ ਵੱਧ ਤਾਪਮਾਨ 34.5 ਡਿਗਰੀ ਸੈਲਸੀਅਸ, ਜਦੋਂ ਕਿ ਹਰਿਆਣਾ ਦੇ ਬੋਪਾਨੀ ਵਿੱਚ, ਵੱਧ ਤੋਂ ਵੱਧ ਤਾਪਮਾਨ 37.8 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ ਏ।

----------------------------------------------------

ਕੇਂਦਰੀ ਰੇਲ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਅਨੁਸੂਚਿਤ ਜਾਤਾਂ ਬਾਰੇ ਆਪਣੇ ਹਾਲੀਆਂ ਵਿਵਾਦਤ ਬਿਆਨ 'ਤੇ ਨੂੰ ਲੈ ਸਾਰਵਜਨਿਕ ਤੌਰ 'ਤੇ ਮੁਆਫੀ ਮੰਗੀ ਏ. ਅੰਮ੍ਰਿਤਸਰ ਹਵਾਈ ਅੱਡੇ 'ਤੇ ਮੀਡਿਆ ਨਾਲ ਗੱਲਬਾਤ ਕਰਦਿਆਂ, ਸ੍ਰੀ ਬਿੱਟੂ ਨੇ ਕਿਹਾ ਕਿ ਉਨ੍ਹਾਂ ਦੇ ਮੂੰਹ 'ਚੋਂ ਨਿਕਲੇ ਕੁਝ ਸ਼ਬਦਾਂ ਕਾਰਨ, ਜੇ ਕਿਸੇ ਭਾਇਚਾਰੇ ਦੇ ਲੋਕਾਂ ਨੂੰ ਠੇਸ

ਪਹੁੰਚਿਆ ਏ ਤਾਂ, ਉਹ ਦਿਲੋਂ ਅਫਸੋਸ ਪ੍ਰਗਟ ਕਰਦੇ ਨੇ ਅਤੇ ਅਜਿਹੀ ਸਾਵਧਾਨੀ ਵਰਤਣਗੇ ਕਿ ਭਵਿੱਖ ਵਿੱਚ ਅਜਿਹੀ ਗਲਤੀ ਦੁਬਾਰਾ ਨਾ ਹੋਵੇ. Byte---

ਉਨ੍ਹਾਂ ਕਿਹਾ ਕਿ ਜੇ ਕੋਈ ਕਮਿਸ਼ਨ ਜਾ ਸੰਬੰਧਤ AUTHORITY ਉਨ੍ਹਾਂ ਨੂੰ ਤਲਬ ਕਰਦੀ ਏ ਤਾਂ ਉਹ ਆਪ ਹਾਜ਼ਰ ਹੋ ਕੇ ਆਪਣਾ ਪੱਖ ਰੱਖਣਗੇ ਤੇ ਲੋੜ ਪੈਣ 'ਤੇ ਲਿਖਤੀ ਰੂਪ ਵਿੱਚ ਮਾਫੀ ਵੀ ਮੰਗਣਗੇ। ਮੰਤਰੀ ਨੇ ਕਿਹਾ ਕਿ ਉਨ੍ਹਾਂ ਦਾ ਕਦੀ ਵੀ SC, OBC, ਹਿੰਦੂ, ਸਿੱਖ ਜਾ ਕਿਸੇ ਹੋਰ ਵਰਗ ਨੂੰ ਨੀਵਾਂ ਦਿਖਾਉਣ ਦਾ ਕੋਈ ਇਰਾਦਾ ਨਹੀਂ ਸੀ। ਪੰਜਾਬ ਦੀ ਕਾਨੂੰਨ ਵਿਵਸਥਾ ਬਾਰੇ ਗੱਲ ਕਰਦਿਆਂ, ਰਵਨੀਤ ਸਿੰਘ ਬਿੱਟੂ ਨੇ ਕਿਹਾ ਕਿ ਰਾਜ ਵਿੱਚ ਗੈਂਗਸਟਰਵਾਦ ਅਤੇ ਅਪਰਾਧਿਕ ਗਤੀਵਿਧੀਆਂ ਚਿੰਤਾ ਦਾ ਕਾਰਨ ਨੇ.

---------------------------------------------------

ਪੰਜਾਬ ਰਾਜ ਅਨੁਸੂਚਿਤ ਜਾਤੀ ਕਮਿਸ਼ਨ ਦੇ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਨੇ ਅੱਜ ਫਿਲੌਰ ਇਲਾਕੇ ਦੇ ਵੱਖ-ਵੱਖ ਪਿੰਡਾਂ ਦਾ ਦੋਰਾ ਕੀਤਾ। ਉਨ੍ਹਾਂ ਨੇ ਪਿੰਡਾਂ ਦੇ ਸਮੂਹ ਭਾਈਚਾਰਿਆਂ ਦੇ ਲੋਕਾਂ ਦੀਆਂ ਮੁਸ਼ਕਲਾਂ ਤੇ ਮੰਗਾਂ ਸੁਣੀਆਂ ਅਤੇ ਮੌਕੇ ’ਤੇ ਸਬੰਧਤ ਅਧਿਕਾਰੀਆਂ ਨੂੰ ਜਲਦੀ ਤੋਂ ਜਲਦੀ ਢੁੱਕਵਾਂ ਹੱਲ ਕਰਨ ਦੇ ਨਿਰਦੇਸ਼ ਦਿੱਤੇ। ਸ਼੍ਰੀ ਗੜ੍ਹੀ ਨੇ ਕਿਹਾ ਕਿ ਇਹ ਦੌਰਾ ਸਮੁੱਚੇ ਭਾਈਚਾਰਿਆਂ ਦੇ ਹਿੱਤ

ਵਿੱਚ ਕੀਤਾ ਗਿਆ ਏ ਤਾਂ ਜੋ ਪ੍ਰਸ਼ਾਸਨ ਨਾਲ ਤਾਲਮੇਲ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਯੋਗ ਹੱਲ ਕੀਤਾ ਜਾ ਸਕੇ।

---------------------------------------------------------

ਤੰਬਾਕੂ ਦੇ ਖ਼ਤਰਿਆਂ ਵਿਰੁੱਧ ਜਾਗਰੂਕਤਾ ਪੈਦਾ ਕਰਨ ਲਈ ਅੱਜ ਵਿਸ਼ਵ ਤੰਬਾਕੂ ਰਹਿਤ ਦਿਵਸ ਮਨਾਇਆ ਜਾ ਰਿਹਾ ਏ | ਇਹ ਦਿਨ ਵਿਸ਼ਵ ਸਿਹਤ ਸੰਗਠਨ (WHO) ਵੱਲੋਂ ਤੰਬਾਕੂ ਦੀ ਵਰਤੋਂ ਨੂੰ ਖਤਮ ਕਰਨ ਲਈ ਇੱਕ ਵਿਸ਼ਵਵਿਆਪੀ ਪਹਿਲ ਏ। ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਦੱਸਿਆ ਕਿ ਇਹ ਦੇਸ਼ ਵਿਆਪੀ ਵਿਆਪਕ ਸਰਵੇਖਣ ਪੰਜਾਬ ਨੂੰ ਸਾਰੇ ਰਾਜਾਂ ਵਿੱਚੋਂ ਸਪੱਸ਼ਟ ਤੌਰ 'ਤੇ ਸਿਖਰਲੇ ਸਥਾਨ 'ਤੇ ਸਥਾਪਿਤ ਕਰਦਿਆਂ ਵਿਸ਼ਵਵਿਆਪੀ ਤੰਬਾਕੂ ਵਿਰੋਧੀ ਮੁਹਿੰਮ ਲਈ ਇੱਕ ਅਸਰਦਾਰ ਖਾਕਾ ਪੇਸ਼ ਕਰਦਾ ਹੈ। ਦੱਸਣਯੋਗ ਹੈ ਕਿ ਸੂਬੇ ਵਿੱਚ 15 ਸਾਲ ਅਤੇ ਇਸ ਤੋਂ ਵੱਧ ਉਮਰ ਦੇ ਪੁਰਸ਼ਾਂ ਵਿੱਚ ਤੰਬਾਕੂ ਦੀ ਵਰਤੋਂ ਹੁਣ ਤੱਕ ਦੀ ਸਭ ਤੋਂ ਘੱਟ ਸਿਰਫ਼ 13.9 ਫੀਸਦੀ ਦਰਜ ਕੀਤੀ ਗਈ ਹੈ, ਜੋ ਰਾਸ਼ਟਰੀ ਔਸਤ 36.3 ਫੀਸਦੀ ਦੇ ਅੱਧੇ ਤੋਂ ਵੀ ਘੱਟ ਹੈ। ਔਰਤਾਂ ਦੇ ਮਾਮਲੇ ਵਿੱਚ ਇਹ ਸਥਿਤੀ ਹੋਰ ਵੀ ਬੇਹਿਤਰ ਹੈ, ਪੰਜਾਬ ਵਿੱਚ 15 ਸਾਲ ਅਤੇ ਇਸ ਤੋਂ ਵੱਧ ਉਮਰ ਦੀਆਂ ਔਰਤਾਂ ਵਿੱਚ ਤੰਬਾਕੂ ਦੀ ਵਰਤੋਂ

ਸਿਰਫ 0.5 ਫੀਸਦੀ ਏ , ਜੋ ਕਿ ਰਾਸ਼ਟਰੀ ਔਸਤ 8.4 ਫੀਸਦੀ ਨਾਲੋਂ ਕਾਫ਼ੀ ਜ਼ਿਆਦਾ ਘੱਟ ਹੈ।

-------------------------------------------------

ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਅੱਜ ਕਪੂਰਥਲਾ ਦਾ ਦੌਰਾ ਕੀਤਾ। ਆਪਣੇ  ਦੌਰੇ ਦੌਰਾਨ, ਉਨ੍ਹਾਂ ਨੇ ਸ਼ੇਖੂਪੁਰ ਦੇ ਮਾਤਾ ਭਦਰਕਾਲੀ ਮੰਦਰ ਵਿੱਚ ਮੱਥਾ ਟੇਕਿਆ ਅਤੇ ਸੂਬੇ ਦੀ ਖੁਸ਼ਹਾਲੀ ਲਈ ਪੂਜਾ ਕੀਤੀ। ਇਸ ਤੋਂ ਬਾਅਦ, ਉਨ੍ਹਾਂ ਨੇ ਸੀਨੀਅਰ ਬੀਜੇਪੀ ਨੇਤਾ ਪੁਰਸ਼ੋਤਮ ਪਾਸੀ ਦੇ ਨਿਵਾਸ ਸਥਾਨ 'ਤੇ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕੀਤਾ। ਸ੍ਰੀ ਸੈਣੀ ਨੇ ਪੰਜਾਬ ਸਰਕਾਰ ਨੂੰ ਹਾਲ ਹੀ ਵਿੱਚ ਹੋਈਆਂ ਸ਼ਹਿਰੀ ਸਥਾਨਕ ਸੰਸਥਾਵਾਂ ਚੋਣਾਂ ਵਿੱਚ ਵੱਡੇ ਪੱਧਰ 'ਤੇ ਵੋਟ ਚੋਰੀ ਲਈ ਜ਼ਿੰਮੇਵਾਰ ਠਹਿਰਾਇਆ, ਉਨ੍ਹਾਂ ਇਲਜ਼ਾਮ ਲਾਇਆ ਕਿ ਇਹ ਕਾਂਗਰਸ ਅਤੇ ਆਮ ਆਦਮੀ ਪਾਰਟੀ ਦੀ ਮਿਲੀਭੁਗਤ ਏ ਅਤੇ ਬੈਲਟ ਪੇਪਰਾਂ ਰਾਹੀਂ ਚੋਣਾਂ ਕਰਵਾ ਕੇ ਸਰਕਾਰ ਨੇ ਸਾਬਤ ਕਰ ਦਿੱਤਾ ਏ ਕਿ ਉਹ ਲੋਕਤੰਤਰੀ ਪ੍ਰਕਿਰਿਆ ਵਿੱਚ ਆਪਣੀ ਹਾਰ ਤੋਂ ਡਰਦੀ ਹੈ। ਗੱਠਜੋੜ ਦੇ ਸਵਾਲ 'ਤੇ, ਮੁੱਖ ਮੰਤਰੀ ਸੈਣੀ ਨੇ ਦੁਹਰਾਇਆ ਕਿ ਭਾਜਪਾ ਨੂੰ ਕਿਸੇ ਵੀ ਰਾਜਨੀਤਿਕ ਪਾਰਟੀ ਨਾਲ ਗੱਠਜੋੜ ਦੀ ਜ਼ਰੂਰਤ ਨਹੀਂ ਹੈ। ਉਨ੍ਹਾਂ ਸਪੱਸ਼ਟ ਤੌਰ 'ਤੇ ਕਿਹਾ ਕਿ BJP ਆਉਣ

ਵਾਲੀਆਂ ਵਿਧਾਨ ਸਭਾ ਚੋਣਾਂ ਆਪਣੇ ਦਮ 'ਤੇ ਲੜੇਗੀ।

---------------------------------------------------------------

IPL ਕ੍ਰਿਕੇਟ ਦੇ ਫਾਈਨਲ ਵਿੱਚ, ਅੱਜ ਮੌਜੂਦਾ ਚੈਂਪੀਅਨ Royal ਚੈਲੇਂਜਰਜ਼ ਬੈਂਗਲੁਰੂ ਦਾ ਮੁਕਾਬਲਾ ਗੁਜਰਾਤ ਟਾਈਟਨਜ਼ ਨਾਲ ਹੋਵੇਗਾ। ਇਹ ਮੈਚ ਅਹਿਮਦਾਬਾਦ ਦੇ ਨਰੇਂਦਰ ਮੋਦੀ ਸਟੇਡੀਅਮ 'ਚ ਸ਼ਾਮੀ ਸਾਢੇ 7 ਵਜੇ ਸ਼ੁਰੂ ਹੋਵੇਗਾ।

----------------------------------------------------------------

ਮੌਸਮ ਵਿਭਾਗ ਨੇ 4 ਜੂਨ ਤੱਕ, ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਦੇ ਵੱਖ-ਵੱਖ ਹਿੱਸਿਆਂ ਵਿੱਚ, ਗਰਜ-ਚਮਕ ਨਾਲ ਤੇਜ਼ ਹਵਾਵਾਂ ਚੱਲਣ ਸੰਬੰਧੀ ਯੈਲੋ ਅਲਰਟ ਜਾਰੀ ਕੀਤਾ ਏ। ਇਸ ਦੌਰਾਨ, ਪੰਜਾਬ ਦੇ ਵੱਖ-ਵੱਖ ਹਿੱਸਿਆਂ ਵਿੱਚ ਅਗਲੇ ਕੁਝ ਦਿਨਾਂ ਦੌਰਾਨ, ਹਲਕੀ ਤੋਂ ਦਰਮਿਆਨੀ ਬਾਰਿਸ਼ ਹੋਣ ਦੀ ਸੰਭਾਵਨਾ ਏ। ਅਗਲੇ 7 ਦਿਨਾਂ ਦੌਰਾਨ, ਵੱਧ ਤੋਂ ਵੱਧ ਤਾਪਮਾਨ ਵਿੱਚ, 6 ਤੋਂ 8 ਡਿਗਰੀ ਸੈਲਸੀਅਸ ਦਾ ਵਾਧਾ ਹੋ ਸਕਦਾ ਏ। ਅੱਜ ਪੰਜਾਬ ਦੇ ਬਠਿੰਡਾ ਵਿੱਚ, ਵੱਧ ਤੋਂ ਵੱਧ ਤਾਪਮਾਨ 38 ਡਿਗਰੀ ਸੈਲਸੀਅਸ, ਜਦੋਂ ਕਿ ਹਰਿਆਣਾ ਦੇ ਸਿਰਸਾ ਵਿੱਚ, ਵੱਧ ਤੋਂ ਵੱਧ ਤਾਪਮਾਨ 37 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ ਏ।

---

ਸਰੋਤਿਆਂ ਨੂੰ ਸੂਚਿਤ ਕੀਤਾ ਜਾਂਦਾ ਏ ਕਿ, ਆਕਾਸ਼ਵਾਣੀ ਦਾ ਸ਼ਾਮੀਂ ਸਾਢੇ 7 ਵਜੇ ਤੋਂ 7 ਵੱਜ ਕੇ 40 ਮਿੰਟ ਤੱਕ ਪ੍ਰਸਾਰਿਤ ਹੋਣ ਵਾਲਾ ਖਬਰਾਂ ਦਾ ਰਾਸ਼ਟਰੀ ਬੁਲੇਟਿਨ, ਪਹਿਲੀ ਜੂਨ, 2026 ਤੋਂ 21 ਜੂਨ, 2026 ਤੱਕ ਸ਼ਾਮੀਂ 7 ਵਜੇ ਤੋਂ 7 ਵੱਜ ਕੇ 10 ਮਿੰਟ ਤੱਕ ਪ੍ਰਸਾਰਿਤ ਕੀਤਾ ਜਾਵੇਗਾ।

---

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਦੇਸ਼ ਵਾਸੀਆਂ ਨੂੰ ਮੌਜੂਦਾ ਭਿਆਨਕ ਗਰਮੀ ਦੌਰਾਨ, ਬੇਹੱਦ ਸਾਵਧਾਨੀ ਵਰਤਣ ਅਤੇ ਸਰਕਾਰੀ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਕਰਨ ਦੀ ਅਪੀਲ ਕੀਤੀ ਏ।
- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਅੱਜ ਚੋਟੀ ਦੀਆਂ ਪੁਜੀਸ਼ਨਾਂ ਹਾਸਿਲ ਕਰਨ ਵਾਲੇ ਵਿਦਿਆਰਥੀਆਂ ਨਾਲ ਮੁਲਾਕਾਤ ਕੀਤੀ। ਉਨ੍ਹਾਂ ਨੇ ਰਾਜ ਦੀ ਸਿੱਖਿਆ ਪ੍ਰਣਾਲੀ ਵਿੱਚ ਹੋ ਰਹੇ ਮਹੱਤਵਪੂਰਨ ਸੁਧਾਰਾਂ 'ਤੇ ਖੁਸ਼ੀ ਪ੍ਰਗਟ ਕੀਤੀ।
- ਕੇਂਦਰੀ ਰੇਲ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਅਨੁਸੂਚਿਤ ਜਾਤੀਆਂ ਬਾਰੇ ਆਪਣੇ ਹਾਲੀਆਂ ਵਿਵਾਦਤ ਬਿਆਨ 'ਤੇ ਅਫਸੋਸ ਪ੍ਰਗਟ ਕਰਦਿਆਂ, ਮੁਆਫੀ ਮੰਗੀ ਏ।

- ਪੰਜਾਬ ਨੇ ਦੇਸ਼ ਭਰ 'ਚੋਂ ਤੰਬਾਕੂ ਸੇਵਨ ਦੇ ਸਭ ਤੋਂ ਘੱਟ ਮਾਮਲਿਆਂ ਨਾਲ ਜਨਤਕ ਸਿਹਤ ਵਿੱਚ ਇੱਕ ਮਹੱਤਵਪੂਰਨ ਸਫ਼ਲਤਾ ਹਾਸਿਲ ਕੀਤੀ ਏ।
- IPL ਕ੍ਰਿਕੇਟ ਦੇ ਫਾਈਨਲ ਵਿੱਚ, ਅੱਜ ਅਹਿਮਦਾਬਾਦ 'ਚ, Royal ਚੈਲੇਂਜਰਜ਼ ਬੈਂਗਲੁਰੂ ਦਾ ਮੁਕਾਬਲਾ ਗੁਜਰਾਤ ਟਾਈਟਨਜ਼ ਨਾਲ ਹੋਵੇਗਾ।

**ਇਸ ਦੇ ਨਾਲ ਹੀ ਪ੍ਰਾਦੇਸ਼ਿਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੁੰਦਾ ਏ। ਸਾਡਾ ਅਗਲਾ ਰਾਸ਼ਟਰੀ ਖਬਰਾਂ ਦਾ ਬੁਲੇਟਿਨ, ਸ਼ਾਮੀ ਸਾਢੇ 7 ਵਜੇ ਹੋਏਗਾ। ਨਮਸਕਾਰ!**